# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18 -10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕੌਮੀ ਜਮਹੂਰੀ ਗਠਜੋੜ NDA , ਰਾਸ਼ਟਰੀ ਤਰੱਕੀ ਨੂੰ ਅੱਗੇ ਵਧਾਉਣ ਅਤੇ ਗਰੀਬਾਂ ਅਤੇ ਦੱਬੇ-ਕੁਚਲੇ ਲੋਕਾਂ ਨੂੰ ਅਧਿਕਾਰ ਪ੍ਰਾਪਤ ਬਣਾਉਣ ਲਈ ਵਚਨਬੱਧ ਏ । ਚੰਡੀਗੜ੍ਹ ਵਿੱਚ NDA ਦੇ ਮੁੱਖ ਮੰਤਰੀਆਂ ਅਤੇ ਉਪ-ਮੁੱਖ ਮੰਤਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਨ ਤੋਂ ਬਾਅਦ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਚੰਗੇ ਪ੍ਰਸ਼ਾਸਨ ਅਤੇ ਲੋਕਾਂ ਦੇ ਜੀਵਨ ਵਿੱਚ ਸੁਧਾਰ ਕਰਨ ਦੇ ਤਰੀਕਿਆਂ ਬਾਰੇ ਵਿਆਪਕ ਚਰਚਾ ਕੀਤੀ ।BJP ਦੇ ਕੌਮੀ ਪ੍ਰਧਾਨ ਜੇ.ਪੀ. ਨੱਡਾ , ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ , ਜਿਸ ਵਿੱਚ ਰਾਸ਼ਟਰੀ ਵਿਕਾਸ ਮੁੱਦਿਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ ।

ਵਿਚਾਰ-ਵਟਾਂਦਰੇ ਵਿੱਚ ਸੰਵਿਧਾਨ ਕਾ ਅੰਮ੍ਰਿਤ ਮਹੋਤਸਵ ਮਨਾਉਣਾ ਸ਼ਾਮਲ ਸੀ। ਮੀਟਿੰਗ ਵਿੱਚ NDA ਗਠਜੋੜ ਦੇ ਲਗਭਗ 17 ਮੁੱਖ ਮੰਤਰੀ ਅਤੇ 18 ਉਪ ਮੁੱਖ ਮੰਤਰੀਆਂ ਨੇ ਹਿੱਸਾ ਲਿਆ।BJP ਦੇ ਰਾਸ਼ਟਰੀ ਪ੍ਰਧਾਨ ਨੱਡਾ ਨੇ ਕਿਹਾ ਕਿ ਇਹ ਕਿਸੇ ਗੈਰ-ਕਾਂਗਰਸੀ ਸਰਕਾਰ ਦੀ ਇਹ ਪਹਿਲੀ ਮੀਟਿੰਗ ਏ ਜਿਸ ਵਿੱਚ ਸਾਰੀਆਂ ਪਾਰਟੀਆਂ ਸ਼ਾਮਲ ਹੋਈਆਂ ਅਤੇ ਕੁੱਲ 6 ਮਤੇ ਪਾਸ ਕੀਤੇ ਗਏ ਨੇ। ਮੀਟਿੰਗ ਵਿੱਚ ਸ਼ਾਮਲ ਹੋਏ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਵਿਕਸਤ ਭਾਰਤ ਦੇ ਸੰਕਲਪ ਨੂੰ ਪੂਰਾ ਕਰਨ ਲਈ ਪ੍ਰਧਾਨ ਮੰਤਰੀ ਤੋਂ ਵੱਖ-ਵੱਖ ਨੁਕਤਿਆਂ 'ਤੇ ਮਾਰਗ-ਦਰਸ਼ਨ ਪ੍ਰਾਪਤ ਕੀਤਾ ਏ।

---------------------------------------------------------------

ਕੇਂਦਰ ਸਰਕਾਰ ਨੇ ਪੰਜਾਬ ਨੂੰ ਪਟਿਆਲਾ ਬਾਈਪਾਸ ਦੇ ਨਿਰਮਾਣ ਲਈ ਇਕ ਹਜ਼ਾਰ 255 ਕਰੋੜ 59 ਲੱਖ ਰੁਪਏ ਦੀ ਮਨਜ਼ੂਰੀ ਦੇ ਦਿੱਤੀ ਏ।ਕੇਂਦਰ ਮੰਤਰੀ ਨਿਤਿਨ ਗਡਕਰੀ ਨੇ ਐਕਸ ਉੱਤੇ ਜਾਣਕਾਰੀ ਦਿੰਦੇ ਹੋਏ ਦਸਿਆ ਏ ਕਿ ਪੰਜਾਬ ਵਿੱਚ 28.9 ਕਿਲੋਮੀਟਰ ਲੰਬੇ ਚਾਰ ਮਾਰਗੀ

ਪਹੁੰਚ-ਨਿਯੰਤਰਿਤ ਉੱਤਰੀ ਪਟਿਆਲਾ ਬਾਈਪਾਸ ਦੇ ਨਿਰਮਾਣ ਲਈ ਇਕ ਹਜ਼ਾਰ 255 ਕਰੋੜ 59 ਲੱਖ ਰੁਪਏ ਮਨਜ਼ੂਰ ਕੀਤੇ ਗਏ ਨੇ ।ਇਹ ਨਵਾਂ ਬਾਈਪਾਸ ਪਟਿਆਲਾ ਦੇ ਆਲੇ-ਦੁਆਲੇ ਦੀ ਰਿੰਗ ਰੋਡ ਨੂੰ ਪੂਰਾ ਕਰੇਗਾ , ਜਿਸ ਕਾਰਨ ਲੋਕਾਂ ਨੂੰ ਭੀੜ ਅਤੇ ਜਾਮ ਤੋਂ ਰਾਹਤ ਮਿਲੇਗੀ । ਤੇ ਪ੍ਰੋਜੈਕਟ ਖੇਤਰੀ ਕਨੈਕਟੀਵਿਟੀ ਵਿੱਚ ਵੀ ਸੁਧਾਰ ਕਰੇਗਾ ਅਤੇ ਮਾਲ ਅਤੇ ਲੌਜਿਸਟਿਕਸ ਦੀ ਨਿਰਵਿਘਨ ਆਵਾਜਾਈ ਦੀ ਸਹੂਲਤ ਦੇਵੇਗਾ, ਜਿਸ ਨਾਲ ਖੇਤਰ ਦੇ ਬੁਨਿਆਦੀ ਢਾਂਚੇ ਅਤੇ ਆਰਥਿਕਤਾ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ।

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਕਿਹਾ ਏ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਡੇਰਾ ਬਾਬਾ ਨਾਨਕ , ਚੱਬੇਵਾਲ (ਐਸ.ਸੀ.) , ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਕਰਵਾਉਣ ਲਈ ਚੋਣ ਪ੍ਰੋਗ੍ਰਾਮ ਜਾਰੀ ਕਰ ਦਿੱਤਾ ਏ । ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਜ਼ਿਮਨੀ ਚੋਣਾਂ ਲਈ ਗਜ਼ਟ ਨੋਟੀਫਿਕੇਸ਼ਨ ਅੱਜ ਜਾਰੀ ਹੋਣਾ ਏ , ਜਿਸ ਤੋਂ ਬਾਅਦ ਨਾਮਜ਼ਦਗੀ

ਪ੍ਰਕਿਰਿਆ ਸ਼ੁਰੂ ਹੋਵੇਗੀ। ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 25 ਅਕਤੂਬਰ ਏ। ਕਾਗਜ਼ਾਂ ਦੀ ਪੜਤਾਲ 28 ਅਕਤੂਬਰ ਨੂੰ ਹੋਵੇਗੀ । ਉਮੀਦਵਾਰ 30 ਅਕਤੂਬਰ ਤੱਕ ਨਾਮਜ਼ਦਗੀਆਂ ਵਾਪਸ ਲੈ ਸਕਦੇ ਨੇ। ਵੋਟਾਂ 13 ਨਵੰਬਰ ਨੂੰ ਪੈਣਗੀਆਂ, ਜਦਕਿ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਕੀਤੀ ਜਾਏਗੀ। ਉਨ੍ਹਾਂ ਕਿਹਾ ਕਿ 15 ਅਕਤੂਬਰ ਨੂੰ ਜ਼ਿਮਨੀ ਚੋਣਾਂ ਦੇ ਐਲਾਨ ਨਾਲ ਸਬੰਧਤ ਜ਼ਿਲ੍ਹਿਆਂ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ ਜੋ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ ਤੱਕ ਲਾਗੂ ਰਹੇਗਾ।

---------------------------------------------------

ਸ੍ਰੀ ਗੁਰੂ ਰਾਮਦਾਸ ਜੀ ਦੇ 490ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਦਰਬਾਰ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਹੇਠ ਸਜਾਏ ਗਏ ਇਸ ਨਗਰ ਕੀਰਤਨ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਤੋਂ

ਇਲਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ , ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਸਮੇਤ ਵੱਡੀ ਗਿਣਤੀ ਵਿਚ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਸ਼ਾਮਿਲ ਹੋਈਆਂ। ਨਗਰ ਕੀਰਤਨ ਗੁਰੂ ਨਗਰੀ ਦ ਪੁਰਾਤਨ 12 ਦਰਵਾਜ਼ਿਆਂ ਤੇ ਬਾਹਰੋਂ ਦੀ ਪਰਿਕਰਮਾ ਕਰਦਾ ਹੋਇਆ ਸ਼ਾਮ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਕੇ ਸੰਪੂਰਨ ਹੋਵੇਗਾ।

----------------------------------------------------------

2 ਪੰਜਾਬ NCC ਬਟਾਲੀਅਨ ਦੇ ਅਧੀਨ ਸੰਯੁਕਤ ਸਾਲਾਨਾ ਸਿਖਲਾਈ ਕੈਂਪ-42 ਦੀ ਸ਼ੁਰੂਆਤ ਅੱਜ ਡੀ.ਏ.ਵੀ. ਇੰਸਟਿਟਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ 'ਚ ਹੋਈ , ਜਿਸ ਵਿੱਚ 600 ਐੱਨ.ਸੀ.ਸੀ. ਕੈਡੇਟਸ ਹਿੱਸਾ ਲੈ ਰਹੇ ਨੇ। ਕੈਂਪ ਕਮਾਂਡੈਂਟ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਦਿਨ-ਰਾਤ ਦੇ 10 ਦਿਨਾਂ ਕੈਂਪ 'ਚ ਹੋਰ ਜ਼ਿਲ੍ਹਿਆਂ ਤੋਂ ਆਏ ਕੈਡੇਟਸ ਵੀ ਸ਼ਾਮਲ ਹੋ ਰਹੇ ਨੇ। ਗਣਤੰਤਰ ਦਿਵਸ ਮੌਕੇ ਦਿੱਲੀ ਵਿਖੇ ਹੋਣ ਵਾਲੇ ਸਮਾਰੋਹ ਵਿਚ ਹਿੱਸਾ ਲੈਣ ਲਈ 105 ਕੈਡੇਟਸ ਲੜੀਵਾਰ ਤੀਜੇ ਐੱਨ.ਸੀ.ਸੀ. ਕੈਂਪ ਵਿੱਚ

ਹਿੱਸਾ ਲੈ ਰਹੇ ਨੇ । ਇਸ ਕੈਂਪ ਵਿੱਚ ਚੁਣੇ ਗਏ ਕੈਡੇਟਸ ਇੰਟਰ ਗਰੁੱਪ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਐੱਨ.ਸੀ.ਸੀ. ਅਕੈਡਮੀ ਰੋਪੜ ਜਾਣਗੇ । ਪੰਜਾਬ, ਹਿਮਾਚਲ, ਹਰਿਆਣਾ ਅਤੇ ਚੰਡੀਗੜ੍ਹ ਤੋਂ 10 ਐੱਨ.ਸੀ.ਸੀ. ਗਰੁੱਪਾਂ ਦੇ ਕੈਡੇਟਸ ਆਉਣਗੇ ਜੋ ਦਿੱਲੀ ਵਿਖੇ ਗਣਤੰਤਰ ਦਿਵਸ ਮੁਕਾਬਲੇ ਵਿੱਚ ਹਿੱਸਾ ਲੈਣਗੇ। 2 ਪੰਜਾਬ ਐੱਨ.ਸੀ.ਸੀ. ਬਟਾਲੀਅਨ ਦੇ 500 ਕੈਡੇਟਸ , 36 ਵੱਖ-ਵੱਖ ਸਿੱਖਿਆ ਸੰਸਥਾਵਾਂ ਤੋਂ ਐੱਨ.ਸੀ.ਸੀ. ਕੈਂਪ ਕਰਨ ਆਏ ਨੇ । ਇਸ ਕੈਂਪ ਵਿੱਚ ਹਥਿਆਰਾਂ ਨਾਲ ਡ੍ਰਿਲ , ਹਥਿਆਰਾਂ ਨੂੰ ਖੋਲ੍ਹਣਾ ਅਤੇ ਜੋੜਨਾ , ਹਥਿਆਰਾਂ ਦੇ ਨਾਂ ਅਤੇ ਪੁਰਜਿਆਂ ਬਾਰੇ ਜਾਣਕਾਰੀ , ਲੀਡਰਸ਼ਿਪ ਦੇ ਗੁਣ , ਮੈਪ ਰੀਡਿੰਗ , ਬੈਟਲ ਡ੍ਰਿਲ , ਸੈਕਸ਼ਨ ਬੈਟਲ ਵਰਗੇ ਕਈ ਵਿਸ਼ਿਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਜਾਏਗੀ ।

-----------------------------------------------------------

ਅਗਲੇ ਮਹੀਨੇ ਬਿਹਾਰ ਦੇ ਰਾਜਗੀਰ ਵਿਖੇ ਹੋਣ ਵਾਲੀ ਛੇ ਮੁਲਕਾਂ ਦੀ ਮਹਿਲਾ ਏਸ਼ੀਅਨ ਚੈਂਪੀਅਨ ਟਰਾਫ਼ੀ 2024 ਦੀ ਜੇਤੂ ਟਰਾਫ਼ੀ ਦੇ ਭਾਰਤ

ਦੌਰੇ ਦੌਰਾਨ ਅੱਜ ਇਹ ਟਰਾਫੀ ਪੰਜਾਬ ਪੁੱਜੀ , ਜਿਸ ਦਾ ਮੁਹਾਲੀ ਸਥਿਤ ਹਾਕੀ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ ਵਿਖੇ ਭਰਵਾਂ ਸਵਾਗਤ ਕੀਤਾ ਗਿਆ।

ਖੇਡ ਵਿਭਾਗ ਪੰਜਾਬ ਦੀ ਅਗਵਾਈ ਕਰਦੇ ਹੋਏ ਹਾਕੀ ਓਲੰਪੀਅਨ ਰੁਪਿੰਦਰ ਪਾਲ ਸਿੰਘ ਤੇ ਸਿਮਰਜੀਤ ਸਿੰਘ ਨੇ ਟਰਾਫੀ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਟਰਾਫੀ ਦੇ ਭਾਰਤ ਦੌਰੇ ਨਾਲ ਪੂਰੇ ਦੇਸ਼ ਵਿੱਚ ਖੇਡਾਂ ਅਤੇ ਖਾਸ ਕਰਕੇ ਹਾਕੀ ਖੇਡ ਨੂੰ ਵੱਡਾ ਹੁਲਾਰਾ ਮਿਲੇਗਾ। ਇਹ ਟਰਾਫੀ ਬਿਹਾਰ ਤੋਂ ਹਰਿਆਣਾ ਦੇ ਰਾਸਤੇ ਪੰਜਾਬ ਪਹੁੰਚੀ ਏ ਤੇ ਇਥੋਂ ਅੱਗੇ ਇਹ ਹਵਾਈ ਜਹਾਜ਼ ਰਾਹੀਂ ਉੜੀਸਾ ਦੇ ਭੁਵਨੇਸ਼ਵਰ ਲਈ ਰਵਾਨਾ ਹੋਈ।